
27_Nov_3_Star_5_6_9.qxd 11/27/2025 9:40 PM Page 4



## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **28 ਨਵੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ** ਅਤੇ **29 ਨਵੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਜਗਤਾਰ ਸਿੰਘ ਰਾ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **28 ਨਵੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਤਜਿੰਦਰ ਸਿੰਘ** ਤੇ **29 ਨਵੰਬਰ** ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ **ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

**ਮੁੱਖ ਵਾਕ ਦੀ ਕਥਾ :** 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

# ਧਮਤਾਨ ਸਾਹਿਬ ਹਰਿਆਣਾ ਦੀ ਪਵਿੱਤਰ ਧਰਤੀ 'ਤੇ ਤਿੰਨ ਦਿਨਾ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਸਮਾਗਮ ਅੱਜ ਤੋਂ

## ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਲਿਆ ਤਿਆਰੀਆਂ ਦਾ ਜਾਇਜ਼ਾ

ਕਰਨਾਲ, 27 ਨਵੰਬਰ (ਗੁਰਮੀਤ ਸਿੰਘ ਸੱਗੂ)-ਜ਼ਿਲ੍ਹਾ ਜੀਂਦ ਦੇ ਧਮਤਾਨ ਸਾਹਿਬ ਵਿਖੇ ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਤਿੰਨ ਦਿਨਾ ਸਮਾਗਮ ਨੂੰ ਲੈ ਕੇ ਗੁਰਦੁਆਰਾ ਸਾਹਿਬ ਨਾਲ ਲੱਗਦੀ ਜ਼ਮੀਨ 'ਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਟੈਂਟ ਸਿਟੀ ਸਥਾਪਿਤ ਕੀਤੀ ਗਈ ਹੈ। ਇਸ ਟੈਂਟ ਸਿਟੀ ਦੇ ਮੁੱਖ ਪੰਡਾਲ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪ੍ਰਕਾਸ਼ ਕੀਤਾ ਜਾਵੇਗਾ, ਜਿਥੇ ਸਿੱਖ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਅਤੇ ਕਵੀਸ਼ਰੀ ਜਥੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ ਅਤੇ ਢਾਡੀ ਜਥੇ ਆਪਣੀਆਂ ਰਚਨਾਵਾਂ ਰਾਹੀਂ ਗੁਰੂ ਸਾਹਿਬ ਦੇ ਜੀਵਨ ਪ੍ਰਸੰਗ ਸਾਂਝੇ ਕਰਨਗੇ। ਇਸਦੇ ਨਾਲ ਹੀ ਕਵੀਸ਼ਰੀ ਜਥੇ ਵੀ ਆਪਣੀ ਪੇਸ਼ਕਾਰੀ ਦਿੰਦੇ ਹੋਏ ਸੰਗਤ ਨੂੰ ਗੁਰੂ ਇਤਿਹਾਸ ਨਾਲ ਜੋੜਨਗੇ। ਇਸ ਸਮਾਗਮ ਮੌਕੇ ਮੈਡੀਕਲ ਕੈਂਪ ਵੀ ਲਗਾਇਆ ਜਾਵੇਗਾ, ਜਿਥੇ ਸੰਗਤ ਨੂੰ ਮੁਫ਼ਤ ਦਵਾਈਆਂ ਵੰਡੀਆਂ ਜਾਣਗੀਆਂ। ਅੱਜ ਉੱਚ ਅਧਿਕਾਰੀਆਂ ਨਾਲ ਸਮਾਗਮ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦੇ ਹੋਏ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਨੇ ਉੱਚ ਅਧਿਕਾਰੀਆਂ ਅਤੇ ਸਟਾਫ ਨੂੰ ਸਪਸ਼ੱਟ ਕਿਹਾ ਕਿ ਡਿਊਟੀ ਵਿਚ ਕੋਈ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਵੱਡੇ ਸਮਾਗਮ ਦੇ ਰੂਪ ਵਿਚ ਮਨਾਉਣ ਲਈ ਤਿਆਰੀਆਂ ਪੂਰੀ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ 28 ਨਵੰਬਰ ਨੂੰ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਹਜ਼ੂਰੀ ਰਾਗੀ ਭਾਈ ਸਿਮਰਪ੍ਰੀਤ ਸਿੰਘ, ਭਾਈ ਜਗਤਾਰ ਸਿੰਘ, ਭਾਈ ਜਬਰਤੋੜ ਸਿੰਘ, ਭਾਈ ਗੁਰਦੇਵ ਸਿੰਘ ਸ਼ਬਦ ਕੀਰਤਨ ਕਰਨਗੇ, ਜਦਕਿ ਅੰਤਰਰਾਸ਼ਟਰੀ ਕਥਾਵਾਚਕ ਗਿਆਨੀ ਸਾਹਿਬ ਸਿੰਘ ਸ਼ਾਹਬਾਦ ਮਾਰਕੰਡਾ ਵਾਲੇ ਕਥਾ ਵਿਚਾਰ ਪ੍ਰਗਟ ਕਰਨਗੇ। ਇਸ ਦੇ ਨਾਲ ਹੀ ਭਾਈ ਭਾਰਤ ਸਿੰਘ ਜਵੱਦੀ ਟਕਸਾਲ ਵਾਲੇ ਅਤੇ ਦੇਸ਼-ਵਿਦੇਸ਼ ਵਿਚ ਗੁਰਮਤਿ ਦਾ ਪ੍ਰਚਾਰ ਕਰਨ ਵਾਲੇ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਕਥਾ ਕਰਦੇ ਹੋਏ ਗੁਰੂ ਸਾਹਿਬ ਦਾ ਜੀਵਨ ਇਤਿਹਾਸ ਸਾਂਝਾ ਕਰਨਗੇ। ਇਸੇ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਸਿੱਧ ਕਵੀਸ਼ਰੀ ਭਾਈ ਭਗਤ ਸਿੰਘ ਗੁਰਦਾਸਪੁਰ ਦਾ ਜਥਾ 29 ਨਵੰਬਰ ਨੂੰ ਆਪਣੀ ਪੇਸ਼ਕਾਰੀ ਦੇਵੇਗਾ, ਜਦਕਿ ਇਸੇ ਦਿਨ ਗਿਆਨੀ ਗੁਰਮੁੱਖ ਸਿੰਘ ਕਵੀਸ਼ਰੀ, ਗਿਆਨੀ ਕੇਵਲ ਸਿੰਘ ਮਹਿਤਾ, ਭਾਈ ਜਗਦੀਸ਼ ਸਿੰਘ ਵਡਾਲਾ, ਭਾਈ ਗੁਰਮੀਤ ਸਿੰਘ ਕਵੀਸ਼ਰੀ, ਭਾਈ ਸੁਖਚੈਨ ਸਿੰਘ ਸ਼ੀਤਲ, ਭਾਈ ਨਿਰਭੈ ਸਿੰਘ, ਭਾਈ ਮਨਜਿੰਦਰ ਸਿੰਘ ਰਬਾਬੀ, ਭਾਈ ਪ੍ਰਗਟ ਸਿੰਘ ਵੀ ਸੰਗਤ ਦੇ ਦਰਸ਼ਨ ਕਰਨਗੇ, ਜਦਕਿ ਅੰਤਿਮ ਦਿਨ ਭਾਈ ਜਸਵਿੰਦਰ ਸਿੰਘ ਲੁਧਿਆਣਾ ਵਾਲੇ, ਭਾਈ ਹਰਵਿੰਦਰ ਸਿੰਘ ਸ੍ਰੀ ਗੰਗਾ ਨਗਰ ਵਾਲੇ, ਭਾਈ ਦਲਵੀਰ ਸਿੰਘ, ਭਾਈ ਚਰਨਜੀਤ ਸਿੰਘ, ਭਾਈ ਅਮਨਦੀਪ ਸਿੰਘ, ਭਾਈ ਜੋਗਿੰਦਰ ਸਿੰਘ, ਭਾਈ ਇੰਦਰਪਾਲ ਸਿੰਘ ਅਤੇ ਭਾਈ ਬਲਵਿੰਦਰ ਸਿੰਘ ਵੀ ਸੰਗਤ ਨੂੰ ਗੁਰੂ ਇਤਿਹਾਸ ਨਾਲ ਜੋੜਨਗੇ।



ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਸਮਾਗਮ ਦੀਆਂ ਤਿਆਰੀਆਂ ਦੀ ਤਸਵੀਰ। ਤਸਵੀਰ : ਗੁਰਮੀਤ ਸਿੰਘ ਸੱਗੂ



ਨਰਾਇਣਗੜ੍ਹ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਨਤਮਸਤਕ ਹੁੰਦੀ ਸੰਗਤ। ਤਸਵੀਰ : ਪੀ. ਸਿੰਘ

## ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਰਾਤਗੜ੍ਹ ਸਾਹਿਬ ਤੋਂ ਨਗਰ ਕੀਰਤਨ ਸਜਾਇਆ

ਨਰਾਇਣਗੜ੍ਹ, 27 ਨਵੰਬਰ (ਪੀ. ਸਿੰਘ)-ਸ੍ਰੀ ਗੁਰੂ ਤੇਗ਼ ਬਹਾਦਰ ਜੀ ਦੇ 350ਵੇਂ ਸ਼ਹੀਦੀ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਨਰਾਇਣਗੜ੍ਹ ਵਿਖੇ ਨਗਰ ਕੀਰਤਨ ਸਜਾਇਆ ਗਿਆ। ਇਹ ਨਗਰ ਕੀਰਤਨ ਗੁਰਦੁਆਰਾ ਸਾਹਿਬ ਤੋਂ ਸ਼ੁਰੂ ਹੋ ਕੇ ਬਿਜਲੀ ਬੋਰਡ ਦੀ ਪਿਛਲੀ ਗਲੀ ਵਿਚੋਂ ਲੰਘਿਆ ਅਤੇ ਪੰਜਲਾਸਾ ਚੌਕ, ਮਹਾਰਾਜਾ ਅਗਰਸੇਨ ਚੌਕ, ਮੁੱਖ ਬਾਜ਼ਾਰ ਤੋਂ ਖਾਲਸਾ ਚੌਕ ਅਤੇ ਅੰਬੇਡਕਰ ਚੌਕ ਤੋਂ ਹੁੰਦਾ ਹੋਇਆ ਗੁਰਦੁਆਰਾ ਸਾਹਿਬ ਵਿਖੇ ਸਮਾਪਤ ਹੋਇਆ। ਇਸ ਨਗਰ ਕੀਰਤਨ ਦਾ ਵੱਖ-ਵੱਖ ਥਾਵਾਂ 'ਤੇ ਸੰਗਤਾਂ ਵਲੋਂ ਭਰਵਾਂ ਸਵਾਗਤ ਕੀਤਾ ਗਿਆ। ਇਸ ਮੌਕੇ ਢਾਡੀ ਮਲਕੀਤ ਸਿੰਘ ਬੀ.ਏ. ਨੇ ਢਾਡੀ ਵਾਰਾਂ ਅਤੇ ਗੁਰੂ ਇਤਿਹਾਸ ਨਾਲ ਸੰਗਤਾਂ ਨੂੰ ਨਿਹਾਲ ਕੀਤਾ, ਜਦਕਿ ਗੁਰਦੁਆਰਾ ਸਾਹਿਬ ਦੇ ਸਕੱਤਰ ਗੁਰਜੰਟ ਸਿੰਘ ਅਤੇ ਗੁਰਦੁਆਰਾ ਸ੍ਰੀ ਸਿੰਘ ਸਭਾ ਦੇ ਸਕੱਤਰ ਫਰਿੰਦਰ ਪਾਲ ਗੁਲੀਆਨੀ ਨੇ ਵੀ ਗੁਰੂ ਸਾਹਿਬ ਦੀ ਸ਼ਹਾਦਤ ਤੋਂ ਜਾਣੂ ਕਰਵਾਇਆ। ਇਸ ਮੌਕੇ ਛੋਟੇ-ਛੋਟੇ ਬੱਚਿਆਂ ਨੇ ਗਤਕੇ ਵਿਚ ਆਪਣੇ ਹੁਨਰ ਦਾ ਪ੍ਰਦਰਸ਼ਨ ਵੀ ਕੀਤਾ। ਇਸ ਮੌਕੇ ਗੁਰਦੁਆਰਾ ਸ੍ਰੀ ਰਾਤਗੜ੍ਹ ਸਾਹਿਬ ਦੇ ਪ੍ਰਧਾਨ ਭਗਤ ਸਿੰਘ, ਗੁਰਦੁਆਰਾ ਸ੍ਰੀ ਸਿੰਘ ਸਭਾ ਦੇ ਪ੍ਰਧਾਨ ਸੁਰਜੀਤ ਸਿੰਘ ਕਪੂਰ, ਰਾਜਾ ਭਾਟੀਆ, ਰਾਜੂ ਮੱਕੜ, ਲਾਲ ਸਿੰਘ, ਨਰਿੰਦਰ ਸਿੰਘ, ਹਰਜਿੰਦਰ ਸਿੰਘ, ਜਤਿੰਦਰ ਸਿੰਘ ਅਬਦੁੱਲਾ, ਕੁਲਦੀਪ ਸਿੰਘ, ਪ੍ਰਿਥਵੀ ਸਿੰਘ, ਸਤਨਾਮ ਸਿੰਘ ਭਾਟੀਆ, ਬਲਵਿੰਦਰ ਸਿੰਘ, ਸਰਬਜੀਤ ਸਿੰਘ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਭਾਜਪਾ ਸਰਕਾਰ ਕਿਸਾਨਾਂ ਦੀਆਂ ਮੰਗਾਂ ਨੂੰ ਕਰ ਰਹੀ ਹੈ ਅਣਗੌਲਿਆਂ-ਔਲਖ

## 2 ਦਸੰਬਰ ਨੂੰ ਡੀ.ਸੀ. ਦਫ਼ਤਰ ਅੱਗੇ ਕੀਤਾ ਜਾਵੇਗਾ ਜ਼ੋਰਦਾਰ ਮੁਜ਼ਾਹਰਾ

ਸਿਰਸਾ, 27 ਨਵੰਬਰ (ਭੁਪਿੰਦਰ ਪੰਨੀਵਾਲੀਆ)-ਭਾਰਤੀ ਕਿਸਾਨ ਏਕਤਾ (ਬੀਕੇਈ) ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਔਲਖ ਨੇ ਕਿਹਾ ਹੈ ਕਿ ਭਾਜਪਾ ਸਰਕਾਰ ਕਿਸਾਨਾਂ ਦੀਆਂ ਚਿਰਾਂ ਤੋਂ ਲੰਮਕਤੀਆਂ ਮੰਗਾਂ ਨੂੰ ਅਣਗੌਲਿਆਂ ਕਰ ਰਹੀ ਹੈ। ਜਿਸ ਕਾਰਨ ਕਿਸਾਨਾਂ 'ਚ ਭਾਰੀ ਰੋਹ ਹੈ। ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਆਗਾਮੀ 2 ਦਸੰਬਰ ਨੂੰ ਮਿੰਨੀ ਸਕੱਤਰੇਤ ਦੇ ਬਾਹਰ ਡਿਪਟੀ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਜੋਰਦਾਰ ਪ੍ਰਦਰਸ਼ਨ ਕੀਤਾ ਜਾਵੇਗਾ ਅਤੇ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ।

ਪ੍ਰਦਰਸ਼ਨ ਦੀ ਤਿਆਰੀ ਲਈ ਪਿੰਡਾਂ 'ਚ ਕਿਸਾਨਾਂ ਨੂੰ ਲਾਮਬੰਦ ਕੀਤਾ ਜਾ ਰਿਹਾ ਹੈ। ਉਹ ਅੱਜ ਬੀਕੇਈ ਦੇ ਦਫ਼ਤਰ 'ਚ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਔਲਖ ਨੇ ਕਿਹਾ ਕਿ ਪਿਛਲੇ ਕਈ ਸਾਲਾਂ ਤੋਂ ਭਾਰੀ ਮੀਂਹ, ਗੁਲਾਬੀ ਸੁੰਡੀ, ਚਿੱਟੀ ਮੱਖੀ ਕਾਰਨ ਇਲਾਕੇ ਦੇ ਦਰਜਨਾਂ ਪਿੰਡਾਂ 'ਚ ਨਰਮੇ ਤੇ ਕਪਾਹ ਦੀਆਂ ਫਸਲਾਂ ਤਬਾਹ ਹੋ ਗਈਆਂ ਹਨ। ਸਾਉਣੀ 2023 ਵਿੱਚ ਨੁਕਸਾਨੀਆਂ ਫ਼ਸਲਾਂ ਦੇ ਬੀਮਾ ਕਲੇਮ ਦੇ ਦਾਅਵਿਆਂ ਦਾ ਭੁਗਤਾਨ ਕਰਨ ਦੀ ਬਜਾਏ ਬੀਮਾ ਕੰਪਨੀ ਨੇ ਕਿਸਾਨਾਂ ਦੇ ਬੀਮਾ ਪ੍ਰੀਮੀਅਮ ਵਾਪਸ ਕਰ ਦਿੱਤੇ ਹਨ। ਉਨ੍ਹਾਂ ਨੇ ਦੱਸਿਆ ਕਿ ਸਿਰਸਾ ਜ਼ਿਲ੍ਹੇ ਦੇ 25 ਪਿੰਡਾਂ ਦੇ ਬੀਮਾ ਦਾਅਵੇ ਸਾਉਣੀ-2024 ਦੇ ਹਾਲੇ ਤੱਕ ਲੰਬਿਤ ਹਨ। ਉਨ੍ਹਾਂ ਨੇ ਕਿਹਾ ਕਿ ਐਤਕੀਂ ਹੋਈ ਭਾਰੀ ਬਾਰਸ਼ ਕਾਰਨ ਭਰਨ ਅਤੇ ਹਿਸਾਰ ਘੱਗਰ ਡਰੇਨ ਟੁੱਟਣ ਕਾਰਨ ਕਿਸਾਨਾਂ ਦੀਆਂ ਫ਼ਸਲਾਂ ਨੂੰ ਭਾਰੀ ਨੁਕਸਾਨ ਹੋਇਆ ਹੈ ਪਰ ਹਾਲੇ ਤੱਕ ਕਿਸਾਨਾਂ ਨੂੰ ਨੁਕਸਾਨੀਆਂ ਫ਼ਸਲਾਂ ਦਾ ਮੁਆਵਜ਼ਾ ਨਹੀਂ ਦਿੱਤਾ ਗਿਆ ਹੈ। ਮੰਡੀਆਂ ਵਿੱਚ ਕਿਸਾਨਾਂ ਦਾ ਸ਼ੋਸ਼ਣ ਹੋ ਰਿਹਾ ਹੈ। ਫੱਗੂ ਅਨਾਜ ਮੰਡੀ ਵਿੱਚ ਝੋਨੇ ਦੀ ਖਰੀਦ ਦੌਰਾਨ ਕਿਸਾਨਾਂ ਨਾਲ ਧੋਖਾਧੜੀ ਕੀਤੀ ਗਈ ਹੈ, ਜਿਸ ਦੀ ਉੱਚ ਪੱਧਰੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਮੇਰੀ ਫਸਲ ਮੇਰਾ ਬਿਓਰਾ ਪੋਰਟਲ 'ਤੇ ਧੋਖਾਧੜੀ ਵਾਲੀ ਰਜਿਸਟਰੇਸ਼ਨ ਪ੍ਰਕਿਰਿਆ ਵਿੱਚ ਸ਼ਾਮਲ ਗਿਰੋਹ ਦਾ ਪਰਦਾਫਾਸ਼ ਕੀਤਾ ਜਾਣਾ ਚਾਹੀਦਾ ਹੈ। ਭਾਵੰਤਰ ਯੋਜਨਾ ਤਹਿਤ ਬਾਜਰੇ ਦੀ ਖਰੀਦ ਵਿੱਚ ਕਿਸਾਨਾਂ ਦੇ ਸ਼ੋਸ਼ਣ ਦੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਸੀਸੀਆਈ ਨੂੰ ਕਪਾਹ ਦੀ ਖਰੀਦ ਲਈ ਬੇਲੋੜੇ ਪੋਰਟਲ ਹਟਾ ਦੇਣੇ ਚਾਹੀਦੇ ਹਨ ਅਤੇ ਸਿੱਧੀ ਖਰੀਦ ਸ਼ੁਰੂ ਕਰਨੀ ਚਾਹੀਦੀ ਹੈ। ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਕਿਸਾਨਾਂ ਦੇ ਟਰੈਕਟਰਾਂ 'ਤੇ ਵਧੀਆਂ ਰਜਿਸਟਰੇਸ਼ਨ ਫੀਸਾਂ ਤੇ ਹੋਰ ਕਿਸਾਨੀ ਮੁੱਦਿਆਂ ਨੂੰ ਲੈ ਕੇ ਦੋ ਦਸੰਬਰ ਨੂੰ ਮਿੰਨੀ ਸਕੱਤਰੇਤ ਦੇ ਬਾਹਰ ਜੋਰਦਾਰ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਪ੍ਰਦਰਸ਼ਨ ਦੀ ਤਿਆਰੀ ਵੱਡੇ ਪੱਧਰ 'ਤੇ ਕੀਤੀ ਜਾ ਰਹੀ ਹੈ। ਇਸ ਮੌਕੇ ਬੀਕੇਈ ਦੇ ਆਗੂ ਗੁਰਲਾਲ ਸਿੰਘ ਭੰਗੂ, ਬਸੰਤ ਸਿੰਘ ਥਿਰਜ, ਸੁਰੇਂਦਰ ਸਿੰਘ ਅਤੇ ਸੰਦੀਪ ਸਿੰਘ ਝਿੜੀ ਆਦਿ ਮੌਜੂਦ ਸਨ।



ਪੱਤਰਕਾਰਾਂ ਨਾਲ ਗੱਲਬਾਤ ਕਰਦੇ ਬੀ.ਕੇ.ਈ. ਦੇ ਸੂਬਾ ਪ੍ਰਧਾਨ ਲਖਵਿੰਦਰ ਸਿੰਘ ਔਲਖ ਤੇ ਹੋਰ। ਤਸਵੀਰ : ਪੰਨੀਵਾਲੀਆ



ਗੁਰਦੁਆਰਾ ਨਾਨਕਸਰ ਸਾਹਿਬ ਕੁਲਾਂ ਵਿਚ ਜਾਣਕਾਰੀ ਦਿੰਦੇ ਹੋਏ ਜਥੇਦਾਰ। ਤਸਵੀਰ : ਬੇਅੰਤ ਕੌਰ ਮੰਡੇਰ

## 350 ਸਾਲਾ ਸ਼ਹੀਦੀ ਸ਼ਤਾਬਦੀ ਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਗੁਰਿਆਈ ਦਿਵਸ ਨੂੰ ਸਮਰਪਿਤ ਗੁਰਮਤਿ ਸਮਾਗਮ ਧਮਤਾਨ ਸਾਹਿਬ 'ਚ ਅੱਜ ਤੋਂ

ਰਤੀਆ, 27 ਨਵੰਬਰ (ਬੇਅੰਤ ਕੌਰ ਮੰਡੇਰ)-ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਅਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ ਗੁਰਿਆਈ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 28, 29 ਅਤੇ 30 ਨਵੰਬਰ 2025 ਗੁਰਦੁਆਰਾ ਪਾ: ਨੌਂਵੀਂ ਧਮਤਾਨ ਸਾਹਿਬ ਵਿਖੇ ਕਰਵਾਏ ਜਾ ਰਹੇ ਹਨ। ਭਾਈ ਨਿਰਮਲ ਸਿੰਘ ਕੁਲਾਂ ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਵਾਲਿਆਂ ਨੇ ਦੱਸਿਆ ਕਿ ਇਸ ਮਹਾਨ ਧਾਰਮਿਕ ਸਮਾਗਮ ਵਿਚ ਪੰਥ ਪ੍ਰਸਿੱਧ ਹਜੂਰੀ ਰਾਗੀ, ਢਾਡੀ, ਕਵੀਸ਼ਰ ਅਤੇ ਕਥਾਵਾਚਕ ਪਹੁੰਚ ਰਹੇ ਹਨ। ਇਸ ਸਮਾਗਮ ਬਾਰੇ ਗੁਰਦੁਆਰਾ ਸਾਹਿਬ ਕੁਲਾਂ ਚ ਮੀਟਿੰਗ ਕਰ ਕੇ ਵਿਚਾਰਾਂ ਕੀਤੀਆਂ ਗਈਆਂ ਅਤੇ ਸੰਗਤਾਂ ਵਾਸਤੇ ਬੱਸਾਂ ਦਾ ਪ੍ਰਬੰਧ ਵੀ ਕੀਤਾ ਗਿਆ ਅਤੇ ਸੰਗਤਾਂ ਨੂੰ ਇਹਨਾਂ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਬੇਨਤੀ ਵੀ ਕੀਤੀ ਗਈ। ਗੁਰਦੁਆਰਾ ਸ੍ਰੀ ਨਾਨਕਸਰ ਸਾਹਿਬ ਕੁਲਾਂ ਵਿਚ ਭਾਈ ਨਿਰਮਲ ਸਿੰਘ ਹਰਿਆਣਾ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬਲਵਿੰਦਰ ਸਿੰਘ ਟੋਹਾਣਾ, ਜਥੇਦਾਰ ਕਾਕਾ ਸਿੰਘ ਲਧੂਵਾਸ, ਜਥੇਦਾਰ ਇਕਬਾਲ ਸਿੰਘ ਖੋਖਰ, ਜਥੇਦਾਰ ਗੁਰਮੇਲ ਸਿੰਘ ਸਹਿਨਾਲ, ਸਿੱਖ ਪ੍ਰਚਾਰਕ ਭਾਈ ਇੰਦਰਪਾਲ ਸਿੰਘ ਧਮਤਾਨ ਸਾਹਿਬ ਹਾਜ਼ਰ ਹੋਏ।



ਵਿਦਿਆਰਥੀ ਆਪਣੇ ਜਨਮ ਦਿਨ 'ਤੇ ਡੀ ਪੀ.ਡੀ.ਐਮ. ਸਕੂਲ ਖਾਬੜਾ ਕਲਾਂ ਵਿਚ ਬੂਟੇ ਲਗਾਉਂਦੇ ਹੋਏ। ਤਸਵੀਰ : ਹਰਬੰਸ ਸਿੰਘ ਮੰਡੇਰ

## ਹਰ ਵਿਦਿਆਰਥੀ ਆਪਣੇ ਜਨਮ ਦਿਨ 'ਤੇ ਬੂਟਾ ਜ਼ਰੂਰ ਲਗਾਵੇ-ਅਨੀਤਾ ਗਿਜਰੋਈਆ

ਫ਼ਤਿਹਾਬਾਦ, 27 ਨਵੰਬਰ (ਹਰਬੰਸ ਸਿੰਘ ਮੰਡੇਰ)-ਆਪਣੇ ਜਨਮਦਿਨ 'ਤੇ ਰੁੱਖ ਲਗਾਉਣਾ ਵਾਤਾਵਰਨ ਲਈ ਇਕ ਸਕਾਰਾਤਮਿਕ ਅਤੇ ਟਿਕਾਊ ਤੋਹਫ਼ਾ ਹੈ। ਇਹ ਸਦੀਆਂ ਪੁਰਾਣੀ ਪਰੰਪਰਾ ਵਾਤਾਵਰਨ ਦੀ ਮਹੱਤਤਾ ਬਾਰੇ ਜਾਗਰੂਕਤਾ ਪੈਦਾ ਕਰਦੀ ਹੈ ਅਤੇ ਹਰ ਕਿਸੇ ਨੂੰ ਆਪਣਾ ਜਨਮਦਿਨ ਕੁਦਰਤ ਨੂੰ ਸਮਰਪਿਤ ਕਰਨ ਲਈ ਪ੍ਰੇਰਿਤ ਕਰਦੀ ਹੈ। ਬੱਚੇ ਅਕਸਰ ਆਪਣੇ ਜਨਮ ਦਿਨ ਮਨਾਉਣ ਲਈ ਉਤਸ਼ਾਹਿਤ ਹੁੰਦੇ ਹਨ ਅਕਸਰ ਮਹਿੰਗੇ ਹੋਟਲਾਂ ਵਿਚ ਜਾਂਦੇ ਹਨ ਹਾਲਾਂਕਿ ਦੂਜੀ ਜਮਾਤ ਦੇ ਵਿਦਿਆਰਥੀ ਰਜਤ ਪਿੰਡ ਠੂਈਆਂ ਦੇ ਨਿਵਾਸੀ ਕ੍ਰਿਸ਼ਨ ਕੁਮਾਰ ਦੇ ਪੁੱਤਰ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਸੋਨੂੰ ਪਿੰਡ ਸੂਲੀ ਖੇੜਾ ਦੇ ਨਿਵਾਸੀ ਸੁਰੇਂਦਰ ਸਿੰਘ ਦੇ ਪੁੱਤਰ ਨੇ ਇਕ ਵਿਲੱਖਣ ਪਹਿਲ ਕੀਤੀ। ਉਨ੍ਹਾਂ ਨੇ ਆਪਣੇ ਜਨਮਦਿਨ ਪੀ.ਡੀ.ਐਮ. ਸਕੂਲ ਖਾਬੜਾ ਕਲਾਂ ਵਿਚ ਸਕੂਲ ਵਿਚ ਰੁੱਖ ਲਗਾ ਕੇ ਮਨਾਏ। ਇਸ ਵਿਲੱਖਣ ਪਹਿਲਕਦਮੀ ਨੇ ਹੋਰ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ। ਪ੍ਰਿੰਸੀਪਲ ਅਨੀਤਾ ਗਿਜਰੋਈਆ ਅਤੇ ਡਾਇਰੈਕਟਰ ਸਾਧੂਰਾਮ ਜਾਖੜ ਨੇ ਵਿਦਿਆਰਥੀ ਰਜਤ ਅਤੇ ਸੋਨੂੰ ਨੂੰ ਜਨਮ ਦਿਨ ਦੀ ਵਧਾਈ ਦਿੰਦਿਆਂ ਲੋਕਾਂ ਨੂੰ ਅਪੀਲ ਕੀਤੀ ਕਿ ਵਾਤਾਵਾਰਨ ਦੀ ਸ਼ੁੱਧਤਾ ਲਈ ਵਧਰੇ ਬੂਟੇ ਲਗਾਉਣੇ ਚਾਹੀਦੇ ਹਨ। ਉਨ੍ਹਾਂ ਦੱਸਿਆ ਕਿ ਦੂਜੀ ਜਮਾਤ ਦੇ ਵਿਦਿਆਰਥੀ ਰਜਤ ਅਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀ ਸੋਨੂੰ ਨੇ ਇੱਕ ਚੰਗੀ ਪਹਿਲ ਸ਼ੁਰੂ ਕੀਤੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਬਰਸਾਤ ਦੇ ਮੌਸਮ ਦੌਰਾਨ ਪੀ.ਡੀ.ਐਮ. ਸਕੂਲ ਦੇ ਬਹੁਤ ਸਾਰੇ ਬੱਚੇ ਆਪਣੇ ਨਾਮ 'ਤੇ ਇੱਕ ਰੁੱਖ ਲਗਾਉਂਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਆਪਣੇ ਜਨਮਦਿਨ 'ਤੇ ਇੱਕ ਰੁੱਖ ਲਗਾਉਣ ਅਤੇ ਇਸ ਦੀ ਦੇਖਭਾਲ ਦੀ ਜ਼ਿੰਮੇਵਾਰੀ ਲੈਣ ਦੀ ਅਪੀਲ ਕੀਤੀ।



ਐਮ.ਐਚ.ਡੀ. ਸੰਸਥਾ ਦੇ ਅਧਿਕਾਰੀ ਜੇਤੂ ਟੀਮ ਨੂੰ ਇਨਾਮੀ ਚੈੱਕ ਦਿੰਦੇ ਹੋਏ। ਤਸਵੀਰ : ਪੰਨੀਵਾਲੀਆ

## 350 ਭਾਗੀਦਾਰਾਂ ਨੇ ਐੱਮ. ਡੀ. ਐੱਚ. ਸਾਇੰਸ ਫੈਸਟ 2025 ਵਿੱਚ ਲਿਆ ਹਿੱਸਾ

ਕਾਲਾਂਵਾਲੀ/ਸਿਰਸਾ, 27 ਨਵੰਬਰ (ਭੁਪਿੰਦਰ ਪੰਨੀਵਾਲੀਆ)-ਮਾਤਾ ਹਰਕੀ ਦੇਵੀ ਮਹਿਲਾ ਕਾਲਜ ਔਢਾਂ ਵੱਲੋਂ ਨਵੀਂ ਸਿੱਖਿਆ ਨੀਤੀ 2020 ਦੇ ਮੁੱਖ ਪਹਿਲੂਆਂ ਨੂੰ ਉਤਸ਼ਾਹਿਤ ਕਰਨ ਲਈ ਐਮਡੀਐਚ ਸਾਇੰਸ ਫੈਸਟ 2025 ਕਰਵਾਇਆ ਗਿਆ। ਇਸ ਫੈਸਟ ਵਿੱਚ 100 ਤੋਂ ਵੱਧ ਟੀਮਾਂ ਦੇ 350 ਤੋਂ ਵੱਧ ਭਾਗੀਦਾਰਾਂ ਨੇ ਇਸ ਸ਼ਾਨਦਾਰ ਸਮਾਗਮ ਵਿੱਚ ਹਿੱਸਾ ਲਿਆ। ਵਿਦਿਆਰਥੀਆਂ ਨੇ ਖੇਤੀਬਾੜੀ ਜਲ ਪ੍ਰਬੰਧਨ, ਟਿਕਾਊ ਊਰਜਾ, ਵਾਤਾਵਰਣ ਸੁਰੱਖਿਆ, ਤਕਨੀਕੀ ਨਵੀਨਤਾ, ਅਤੇ ਹੋਰ ਬਹੁਤ ਸਾਰੇ ਵਿਸ਼ਿਆਂ 'ਤੇ ਸ਼ਾਨਦਾਰ ਮਾਡਲ ਪੇਸ਼ ਕੀਤੇ। ਇਹ ਸਮਾਗਮ ਮੈਨੇਜਿੰਗ ਡਾਇਰੈਕਟਰ ਡਾ. ਕੁਲਦੀਪ ਕੌਰ ਆਨੰਦ, ਐਸੋਸੀਏਟ ਡਾਇਰੈਕਟਰ ਸ਼ਸ਼ੀਕਾਂਤ ਸ਼ਰਮਾ ਅਤੇ ਪ੍ਰਿੰਸੀਪਲ ਡਾ. ਅਭਿਲਾਸ਼ਾ ਸ਼ਰਮਾ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਮਹਿਮਾਨਾਂ ਵਿੱਚ ਮੰਦਰ ਸਿੰਘ ਸਰਾਂ, ਅਮਿਤ ਮਹਿਤਾ, ਡਾ. ਪੰਕਜ ਸਿਡਾਣਾ, ਭੁਪਿੰਦਰ ਕੁਮਾਰ ਅਤੇ ਰਾਜ ਕੁਮਾਰ ਸ਼ਾਮਲ ਸਨ। ਜੱਜਾਂ ਵਿੱਚ ਸੀਨੀਅਰ ਅਤੇ ਜੂਨੀਅਰ ਦੋਵਾਂ ਸ਼੍ਰੇਣੀਆਂ ਦੇ ਮਾਹਰ ਸ਼ਾਮਿਲ ਸਨ। ਇਸ ਫੈਸਟ ਦੇ ਜੂਨੀਅਰ ਵਰਗ ਵਿੱਚ ਆਰੋਹੀ ਮਾਡਲ ਸੀਨੀਅਰ ਸੈਕੰਡਰੀ ਸਕੂਲ ਝਿੜੀ ਦੀ ਟੀਮ ਪਹਿਲੇ, ਸਰਸਵਤੀ ਸੀਨੀਅਰ ਸੈਕੰਡਰੀ ਸਕੂਲ ਮੌਜਗੜ੍ਹ ਦੀ ਟੀਮ ਦੂਜੇ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਿਸਾਲਿਆ ਖੇੜਾ ਦੀ ਟੀਮ ਤੀਜੇ ਸਥਾਨ 'ਤੇ ਰਹੀ। ਇਸ ਤਰ੍ਹਾਂ ਹੀ ਸੀਨੀਅਰ ਵਰਗ ਵਿੱਚ ਆਰ.ਕੇ. ਸੀਨੀਅਰ ਸੈਕੰਡਰੀ ਸਕੂਲ ਸਿਰਸਾ ਦੀ ਟੀਮ ਪਹਿਲੇ ਸਥਾਨ 'ਤੇ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਿਠੜੀ ਦੀ ਟੀਮ ਦੂਜੇ ਅਤੇ ਸਰਕਾਰੀ ਮਾਡਲ ਸੰਸਕ੍ਰਿਤੀ ਸਕੂਲ ਕਾਲਾਂਵਾਲੀ ਤੀਜੇ ਸਥਾਨ 'ਤੇ ਰਹੀ। ਸਾਰੀਆਂ ਜੇਤੂ ਟੀਮਾਂ ਨੂੰ ਸੰਸਥਾ ਵੱਲੋਂ ਨਗਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਡਾ. ਕ੍ਰਿਸ਼ਨਾ ਕਾਂਤ ਨੇ ਸਾਰਿਆਂ ਦਾ ਧੰਨਵਾਦ ਕੀਤਾ।



ਕਾਲਾਂਵਾਲੀ 'ਚ ਕੁਇਜ਼ ਮੁਕਾਬਲੇ ਵਿੱਚ ਜੇਤੂ ਟੀਮ ਦਾ ਸਨਮਾਨ ਕਰਦੇ ਹੋਏ ਮੁੱਖ ਮਹਿਮਾਨ ਅਤੇ ਪਰੀਸ਼ਦ ਮੈਂਬਰ। ਤਸਵੀਰ : ਪੰਨੀਵਾਲੀਆ

## ਡੀ.ਏ.ਵੀ. ਦੀ ਟੀਮ ਸੀਨੀਅਰ ਵਰਗ ਅਤੇ ਸਵੇਟ ਸਕੂਲ ਦੀ ਟੀਮ ਜੂਨੀਅਰ ਵਰਗ ਵਿਚ ਰਹੀ ਅੱਵਲ

ਕਾਲਾਂਵਾਲੀ/ਸਿਰਸਾ, 27 ਨਵੰਬਰ (ਭੁਪਿੰਦਰ ਪੰਨੀਵਾਲੀਆ)-ਭਾਰਤ ਵਿਕਾਸ ਪ੍ਰੀਸ਼ਦ ਕਾਲਾਂਵਾਲੀ ਵੱਲੋਂ ਕਰਵਾਏ ਗਏ ਅੰਤਰ-ਸਕੂਲ ਕੰਪਿਊਟਰਾਈਜ਼ਡ ਕੁਇਜ਼ ਮੁਕਾਬਲੇ 'ਭਾਰਤ ਨੂੰ ਜਾਣੋ' ਵਿੱਚ ਡੀਏਵੀ ਸਕੂਲ ਕਾਲਾਂਵਾਲੀ ਦੀ ਟੀਮ ਸੀਨੀਅਰ ਵਰਗ ਅਤੇ ਸਵੇਟ ਆਰੀਆ ਸਕੂਲ ਕਾਲਾਂਵਾਲੀ ਦੀ ਟੀਮ ਨੇ ਜੂਨੀਅਰ ਵਰਗ ਅੱਵਲ ਰਹੀ। ਮੁਕਾਬਲੇ ਵਿੱਚ ਸੱਤ ਸਕੂਲਾਂ ਦੀਆਂ ਚੌਦਾਂ ਟੀਮਾਂ ਨੇ ਹਿੱਸਾ ਲਿਆ। ਪ੍ਰੋਗਰਾਮ ਦੀ ਸ਼ੁਰੂਆਤ ਭਾਰਤ ਮਾਤਾ ਦੀ ਤਸਵੀਰ ਦੇ ਸਾਹਮਣੇ ਸ਼ਮ੍ਹਾ ਰੌਸ਼ਨ ਕਰਨ ਨਾਲ ਹੋਈ। ਕੁਇਜ਼ ਮੁਕਾਬਲੇ ਦੇ ਕੋਆਰਡੀਨੇਟਰ ਰਵੀ ਸਾਗਰ ਨੇ ਪ੍ਰੋਗਰਾਮ ਦਾ ਸੰਚਾਲਨ ਕੀਤਾ। ਕੱਚਾ ਆੜ੍ਹਤੀਆ ਐਸੋਸੀਏਸ਼ਨ ਦੇ ਪ੍ਰਧਾਨ ਰਾਜ ਕੁਮਾਰ ਜਿੰਦਲ ਅਤੇ ਮਾਰਕੀਟ ਕਮੇਟੀ ਦੇ ਉਪ ਚੇਅਰਮੈਨ ਮੋਹਨ ਲਾਲ ਜਿੰਦਲ ਨੇ ਪ੍ਰੋਗਰਾਮ ਦੀ ਨੁਮਾਇੰਦਗੀ ਕੀਤੀ। ਪਰੀਸ਼ਦ ਦੇ ਸੂਬਾਈ ਜਨਰਲ ਸਕੱਤਰ ਦੀਪਕ ਸ਼ਰਮਾ ਸਿਰਸਾ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਸੰਸਥਾਪਕ ਪ੍ਰਧਾਨ ਦਿਨੇਸ਼ ਗਰਗ ਜੈਨ ਨੇ ਸੈਸ਼ਨ ਦਾ ਸੰਚਾਲਨ ਕੀਤਾ। ਉਨ੍ਹਾਂ ਦੱਸਿਆ ਕਿ 'ਭਾਰਤ ਨੂੰ ਜਾਣੋ' ਕੁਇਜ਼ ਮੁਕਾਬਲਾ ਕੇਬੀਸੀ ਦੀ ਤਰਜ਼ 'ਤੇ ਕੰਪਿਊਟਰਾਈਜ਼ਡ ਸੀ। ਮਾਤਾ ਪੁੰਨਾ ਦੇਵੀ ਡੀਏਵੀ ਸਕੂਲ ਦੀ ਟੀਮ ਨੇ ਸੀਨੀਅਰ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਜਿੱਥੇ ਸਵੇਟ ਆਰੀਆ ਸਕੂਲ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ, ਉੱਥੇ ਬਿਸ਼ਨਮਲ ਜੈਨ ਸਰਸਵਤੀ ਵਿਦਿਆ ਮੰਦਰ ਦੀ ਟੀਮ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਜੂਨੀਅਰ ਵਰਗ ਵਿੱਚ ਸਵੇਟ ਆਰੀਆ ਹਾਈ ਸਕੂਲ ਦੀ ਟੀਮ ਨੇ ਪਹਿਲਾ ਸਥਾਨ, ਡੀਏਵੀ ਸਕੂਲ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਬਿਸ਼ਨਮਲ ਜੈਨ ਸਰਸਵਤੀ ਵਿਦਿਆ ਮੰਦਰ ਅਤੇ ਚੇਤੰਨਿਆ ਸਕੂਲ ਦੀਆਂ ਟੀਮਾਂ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਸਾਰੀਆਂ ਜੇਤੂ ਟੀਮਾਂ ਨੂੰ ਯਾਦਗਾਰੀ ਚਿੰਨ੍ਹ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਦੋ ਜੇਤੂ ਸਕੂਲਾਂ ਐਸਐਸਡੀ ਸੀਨੀਅਰ ਸਕੂਲ ਅਤੇ ਸਰਕਾਰੀ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਸਮੇਤ ਸਾਰੇ ਸਕੂਲਾਂ ਦੇ ਭਾਗੀਦਾਰਾਂ ਨੂੰ ਸਕੂਲ ਪੱਧਰੀ ਲਿਖਤੀ ਮੁਕਾਬਲੇ ਲਈ ਮੈਡਲ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ। ਸਕੱਤਰ ਸਤੀਸ਼ ਰਾਜਪਾਲ ਨੇ ਦੱਸਿਆ ਕਿ ਜੇਤੂ ਸੀਨੀਅਰ ਅਤੇ ਜੂਨੀਅਰ ਦੋਵੇਂ ਟੀਮਾਂ 7 ਦਸੰਬਰ ਨੂੰ ਸਿਵਾਨੀ ਵਿੱਚ ਹੋਣ ਵਾਲੇ ਰਾਜ ਪੱਧਰੀ ਕੁਇਜ਼ ਮੁਕਾਬਲੇ ਵਿੱਚ ਹਿੱਸਾ ਲੈਣਗੀਆਂ। ਇਸ ਸਮਾਗਮ ਵਿੱਚ ਪਰੀਸ਼ਦ ਦੇ ਪ੍ਰਧਾਨ ਅਜੇ ਗਰਗ ਜੈਮਕੋ, ਸਰਪ੍ਰਸਤ ਮੋਹਨ ਲਾਲ ਬਾਂਸਲ, ਨਰਿੰਦਰ ਗਰਗ, ਮੁਨੀਸ਼ ਗੁਪਤਾ, ਹੀਰਾ ਸਿੰਘ ਅਰਨੇਜਾ, ਸਤੀਸ਼ ਰਾਜਪਾਲ, ਲਲਿਤ ਮੋਹਨ ਗਰਗ, ਤੁਸ਼ਾਰ ਗਰਗ, ਕੁਲਦੀਪ ਸ਼ਾਸਤਰੀ, ਸੰਤੋਸ਼ ਬਾਂਸਲ, ਚੰਦਰਪਾਲ ਅਤੇ ਹੋਰ ਮੌਜੂਦ ਸਨ।

# ਪੀ.ਐੱਮ. ਸ੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪੰਨੀਵਾਲਾ ਮੋਟਾ ਵਿਖੇ ਗ੍ਰਾਮ ਯੁਵਾ ਪੰਚਾਇਤ ਕਰਵਾਈ

## ਇਹ ਪਲੇਟਫਾਰਮ ਵਿਦਿਆਰਥੀਆਂ ਨੂੰ ਲੀਡਰਸ਼ਿਪ, ਸੰਚਾਰ ਅਤੇ ਸਮੱਸਿਆ ਹੱਲ ਕਰਨ ਦੇ ਹੁਨਰ ਨੂੰ ਨਿਖਾਰਨ ਵਿੱਚ ਮਦਦ ਕਰਦਾ ਹੈ-ਕਮਲਦੀਪ ਸਿੰਘ

ਕਾਲਾਂਵਾਲੀ/ਸਿਰਸਾ, 27 ਨਵੰਬਰ (ਭੁਪਿੰਦਰ ਪੰਨੀਵਾਲੀਆ)-ਨੌਜਵਾਨ ਜਾਗਰੂਕਤਾ ਅਤੇ ਲੀਡਰਸ਼ਿਪ ਨੂੰ ਉਤਸ਼ਾਹਿਤ ਕਰਨ ਲਈ ਪੀਐਮ ਸ੍ਰੀ ਸਕੂਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਪੰਨੀਵਾਲਾ ਮੋਟਾ ਵਿਖੇ ਇੱਕ ਯੁਵਾ ਗਰਾਮ ਸੰਸਦ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਦੀ ਅਗਵਾਈ ਰਾਜਨੀਤੀ ਸ਼ਾਸਤਰ ਦੇ ਲੈਕਚਰਾਰ ਕਮਲਦੀਪ ਸਿੰਘ ਨੇ ਕੀਤੀ। ਇਸ ਪ੍ਰੋਗਰਾਮ ਵਿੱਚ ਸਕੂਲ ਇੰਚਾਰਜ ਅੰਜੂ ਦੇਵੀ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਇਸ ਮੌਕੇ ਸਕੂਲ ਇੰਚਾਰਜ ਅੰਜੂ ਦੇਵੀ ਨੇ ਵਿਦਿਆਰਥੀਆਂ ਨੂੰ ਯੁਵਾ ਗਰਾਮ ਸੰਸਦ ਦੀ ਧਾਰਨਾ, ਪੇਂਡੂ ਵਿਕਾਸ ਵਿੱਚ ਯੁਵਾ ਸ਼ਕਤੀ ਦੀ ਭੂਮਿਕਾ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਸਰਗਰਮ ਭਾਗੀਦਾਰੀ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਹ ਪਲੇਟਫਾਰਮ ਵਿਦਿਆਰਥੀਆਂ ਨੂੰ ਲੀਡਰਸ਼ਿਪ ਹੁਨਰ, ਸੰਚਾਰ ਹੁਨਰ ਅਤੇ ਭਾਈਚਾਰਕ ਸਮੱਸਿਆ ਹੱਲ ਕਰਨ ਦੇ ਹੁਨਰ ਨੂੰ ਨਿਖਾਰਨ ਵਿੱਚ ਮਦਦ ਕਰਦਾ ਹੈ। ਪ੍ਰੋਗਰਾਮ ਦੌਰਾਨ, ਇੱਕ ਸਕੂਲ ਪੱਧਰੀ ਗ੍ਰਾਮ ਯੁਵਾ ਪੰਚਾਇਤ ਬਣਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ ਸਰਪੰਚ, ਪੰਚ, ਪਿੰਡ ਸਕੱਤਰ, ਸਿਹਤ ਮੰਤਰੀ, ਸਿੱਖਿਆ ਮੰਤਰੀ, ਵਾਤਾਵਰਣ ਮੰਤਰੀ, ਖੇਡ ਮੰਤਰੀ ਅਤੇ ਹੋਰ ਮਹੱਤਵਪੂਰਨ ਅਹੁਦਿਆਂ ਦੀਆਂ ਭੂਮਿਕਾਵਾਂ ਨਿਭਾਈਆਂ। ਹਰੇਕ ਵਿਦਿਆਰਥੀ ਪ੍ਰਤੀਨਿਧੀ ਨੇ ਸਕੂਲ ਭਾਈਚਾਰੇ ਨੂੰ ਆਪਣੇ-ਆਪਣੇ ਵਿਭਾਗਾਂ ਨਾਲ ਸਬੰਧਤ ਸਮੱਸਿਆਵਾਂ ਅਤੇ ਹੱਲ ਪੇਸ਼ ਕੀਤੇ। ਚਰਚਾਵਾਂ ਵਿੱਚ ਸਵੱਛਤਾ, ਪਾਣੀ ਸੰਭਾਲ, ਡਿਜੀਟਲ ਸਿੱਖਿਆ, ਖੇਡ ਸਹੂਲਤਾਂ ਵਿੱਚ ਸੁਧਾਰ, ਨਸ਼ਾ ਛੁਡਾਊ ਜਾਗਰੂਕਤਾ ਅਤੇ ਵਾਤਾਵਰਣ ਸੁਰੱਖਿਆ ਵਰਗੇ ਮਹੱਤਵਪੂਰਨ ਮੁੱਦਿਆਂ 'ਤੇ ਚਰਚਾ ਕੀਤੀ ਗਈ। ਵਿਦਿਆਰਥੀਆਂ ਨੇ ਯੋਜਨਾਵਾਂ ਤਿਆਰ ਕੀਤੀਆਂ ਅਤੇ ਸਕੂਲ ਅਤੇ ਪਿੰਡ ਪੱਧਰ 'ਤੇ ਸੁਧਾਰਾਂ ਦਾ ਸੁਝਾਅ ਦਿੱਤਾ। ਇਸ ਅਭਿਆਸ ਨੇ ਵਿਦਿਆਰਥੀਆਂ 'ਚ ਆਤਮ-ਵਿਸ਼ਵਾਸ, ਜ਼ਿੰਮੇਵਾਰੀ ਅਤੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਸਮਝ ਵਿਕਸਤ ਕੀਤੀ। ਰਾਜਨੀਤੀ ਸ਼ਾਸਤਰ ਦੇ ਲੈਕਚਰਾਰ ਸੁਰੇਸ਼ ਕੁਮਾਰ ਅਤੇ ਰਾਜਨੀਤੀ ਸ਼ਾਸਤਰ ਦੇ ਲੈਕਚਰਾਰ ਹਰਪਾਲ ਸਿੰਘ ਨੇ ਪ੍ਰੋਗਰਾਮ ਲਈ ਜੱਜਾਂ ਵਜੋਂ ਭੂਮਿਕਾ ਨਿਭਾਈ। ਲੈਕਚਰਾਰ ਕਮਲਦੀਪ ਸਿੰਘ ਨੇ ਸਾਰੇ ਭਾਗੀਦਾਰਾਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਯੁਵਾ ਗ੍ਰਾਮ ਸਭਾ ਵਰਗੀਆਂ ਗਤੀਵਿਧੀਆਂ ਵਿਦਿਆਰਥੀਆਂ ਨੂੰ ਭਵਿੱਖ ਦੇ ਜ਼ਿੰਮੇਵਾਰ ਨਾਗਰਿਕ ਬਣਨ ਲਈ ਪ੍ਰੇਰਿਤ ਕਰਦੀਆਂ ਹਨ। ਈਸ਼ੂ ਰਾਣੀ ਨੇ ਸਰਪੰਚ, ਤਮੰਨਾ ਨੇ ਪਿੰਡ ਸਕੱਤਰ ਅਤੇ ਨਵਿਆ ਨੇ ਖੇਤੀਬਾੜੀ ਵਿਭਾਗ ਅਧਿਕਾਰੀ ਵਜੋਂ ਭੂਮਿਕਾ ਨਿਭਾਈ। ਸਕੂਲ ਇੰਚਾਰਜ ਨੇ ਵਿਦਿਆਰਥੀਆਂ ਦੇ ਯਤਨਾਂ ਦੀ ਵੀ ਪ੍ਰਸ਼ੰਸਾ ਕੀਤੀ, ਇਹ ਕਹਿੰਦੇ ਹੋਏ ਕਿ ਅਜਿਹੇ ਪ੍ਰੋਗਰਾਮ ਨੌਜਵਾਨ ਪੀੜ੍ਹੀ ਵਿੱਚ ਲੀਡਰਸ਼ਿਪ, ਸੰਚਾਰ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ।



ਪੰਨੀਵਾਲਾ ਮੋਟਾ ਸਕੂਲ ਵਿਖੇ ਪਿੰਡ ਯੁਵਾ ਪੰਚਾਇਤ ਦੀ ਮੀਟਿੰਗ ਦੇ ਸਰਪੰਚ ਅਤੇ ਸਕੱਤਰ। ਤਸਵੀਰ : ਪੰਨੀਵਾਲੀਆ

## ਮੁਫ਼ਤ ਅੱਖਾਂ ਦਾ ਜਾਂਚ ਕੈਂਪ 30 ਨੂੰ

ਕਾਲਾਂਵਾਲੀ/ਸਿਰਸਾ, 27 ਨਵੰਬਰ (ਭੁਪਿੰਦਰ ਪੰਨੀਵਾਲੀਆ)-ਭਾਰਤ ਵਿਕਾਸ ਪ੍ਰੀਸ਼ਦ ਆਉਣ ਵਾਲੀ 30 ਨਵੰਬਰ ਨੂੰ ਤੇਰਾਪੰਥ ਜੈਨ ਸਭਾ ਵਿਖੇ ਮੁਫ਼ਤ ਅੱਖਾਂ ਦਾ ਜਾਂਚ ਕੈਂਪ ਲਾਏਗੀ। ਪਰੀਸ਼ਦ ਦੇ ਸੰਸਥਾਪਕ ਪ੍ਰਧਾਨ ਦਿਨੇਸ਼ ਗਰਗ ਨੇ ਦੱਸਿਆ ਕਿ ਅੱਖਾਂ ਦੇ ਮਾਹਿਰ ਡਾ. ਆਰੂਸ਼ੀ ਡੂਮਰਾ ਕੈਂਪ ਵਿੱਚ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕਰਨਗੇ। ਲੋੜਵੰਦਾਂ ਨੂੰ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ।

ਸੰਪਾਦਕ-ਰਾਜਿੰਦਰ ਸਿੰਘ। ਸ੍ਰੀਮਤੀ ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਡੀ. 219, ਇੰਡਸਟਰੀਅਲ ਏਰੀਆ, ਫੇਸ 8 ਬੀ., ਸੈਕਟਰ 74, ਮੁਹਾਲੀ ਤੋਂ ਛਪਵਾ ਕੇ ਐਸ. ਸੀ. ਓ. 12 ਸੈਕਟਰ 21 ਸੀ. ਚੰਡੀਗੜ੍ਹ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: CHAPUN/2015/59762

Editor- Rajinder Singh. Printer, Publisher and Secretary Smt. Parkash Kaur Hamdard. Printed for Sadhu Singh Hamdard Trust at Daily Ajit Printers, D-219, Industrial area, Phase 8-B, Sector-74, Mohali and Published from SCO 12, Sector 21-C Chandigarh RNI Regd. No:- CHAPUN/2015/59762

CMYK